ਸਵੱਛਤਾ ਦੀ ਸੇਵਾ ਪੰਦਰਵਾੜੇ ਅਧੀਨ 17 ਸਤੰਬਰ ਨੂੰ ਕਾਰ ਸੇਵਾ ਪ੍ਰੋਗਰਾਮ ਤਹਿਤ ਜਨਤਕ ਥਾਵਾਂ, ਧਾਰਮਿਕ ਸਥਾਨਾਂ ਤੇ ਸਰਕਾਰੀ ਇਮਾਰਤਾਂ ਦੀ ਕੀਤੀ ਜਾਵੇਗੀ ਸਫ਼ਾਈ

ਤਰਨਤਾਰਨ, 15 ਸਤੰਬਰ :

ਪੰਜਾਬ ਸਰਕਾਰ ਵੱਲੋਂ ਚਲਾਏ ਗਏ ਮਿਸ਼ਨ ਸਵੱਛ ਅਤੇ ਸਵਸਥ ਪੰਜਾਬ ਤਹਿਤ ਸ਼ੁਰੂ ਕੀਤੇ ਗਏ ''ਸਵੱਛਤਾ ਦੀ ਸੇਵਾ'' ਪੰਦਰਵਾੜੇ ਤਹਿਤ 17 ਸਤੰਬਰ ਦਿਨ ਐਤਵਾਰ ਨੂੰ ਕਾਰ ਸੇਵਾ ਪ੍ਰੋਗਰਾਮ ਤਹਿਤ ਜਨਤਕ ਥਾਵਾਂ, ਸਕੂਲਾਂ, ਕਾਲਜਾਂ, ਧਾਰਮਿਕ ਸਥਾਨਾਂ, ਹਸਪਤਾਲਾਂ, ਸਰਕਾਰੀ ਇਮਾਰਤਾਂ, ਪਾਰਕਾਂ ਅਤੇ ਹੋਰ ਇਤਿਹਾਸਿਕ ਥਾਵਾਂ ਦੀ ਵਿਸ਼ੇਸ਼ ਸਫ਼ਾਈ ਕਰਵਾਈ ਜਾਵੇਗੀ।



ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਅੱਜ ਇਸ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕਰਨ ਦੇ ਲਈ ਕੀਤੀ ਗਈ ਵਿਸ਼ੇਸ਼ ਮੀਟਿੰਗ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਐਤਵਾਰ ਨੂੰ ਸਵੇਰੇ 10 ਵਜੇ ਤੋਂ ਲੈ ਕੇ 12 ਵਜੇ ਤੱਕ ਸਾਫ-ਸਫ਼ਾਈ ਲਈ ਜ਼ਿਲ੍ਹੇ ਵਿੱਚ ਵੱਖ-ਵੱਖ ਪ੍ਰੋਗਰਾਮ ਉਲੀਕੇ ਗਏ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਤਹਿਤ ਵਲੰਟੀਅਰਜ਼ ਵੱਲੋਂ ਸਾਫ-ਸਫ਼ਾਈ ਦੀ ਕਾਰ ਸੇਵਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਕੰਮ ਲਈ ਵਲੰਟੀਅਰਜ਼ ਨੂੰ ਵੱਖ-ਵੱਖ ਟੀਮਾਂ ਵਿੱਚ ਵੰਡਿਆ ਜਾਵੇਗਾ ਅਤੇ ਇਹ ਟੀਮਾਂ ਆਪਣੇ ਇੱਕ ਕੈਪਟਨ ਦੀ ਦੇਖਰੇਖ ਹੇਠ ਪਹਿਲਾਂ ਤੋਂ ਨਿਰਧਾਰਿਤ ਕੀਤੇ ਥਾਵਾਂ ਦੀ ਸਾਫ-ਸਫ਼ਾਈ ਕਰਨਗੀਆਂ। ਇਸ ਮੌਕੇ ਉਨ੍ਹਾਂ ਸਾਰੇ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਉਹ ਇਸ ਦਿਨ ਆਪਣੇ-ਆਪਣੇ ਦਫ਼ਤਰਾਂ ਦੀ ਸਫ਼ਾਈ ਕਰਨੀ ਯਕੀਨੀ ਬਣਾਉਣ।

ਇਸ ਮੌਕੇ ਉਨ੍ਹਾਂ ਨਗਰ ਕੌਂਸਲ ਤਰਨਤਾਰਨ ਦੇ ਕਾਰਜ ਸਾਧਕ ਅਫ਼ਸਰ ਨੂੰ ਦਿਸ਼ਾ-ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਇਨ੍ਹਾਂ ਸਾਫ-ਸਫ਼ਾਈ ਕਰਨ ਵਾਲੀਆਂ ਥਾਵਾਂ ਦੀ ਪਹਿਲਾਂ ਤੋਂ ਪਛਾਣ ਕਰ ਲਈ ਜਾਵੇ ਅਤੇ ਇਨ੍ਹਾਂ ਦੀ ਪਛਾਣ ਕਰਨ ਲਈ ਲੋੜੀਂਦੇ ਪ੍ਰਬੰਧ ਕੀਤੇ ਜਾਣ। ਉਨ੍ਹਾਂ ਬੀ.ਡੀ.ਪੀ.ਓਜ਼. ਨੂੰ ਹਦਾਇਤ ਕਰਦਿਆਂ ਕਿਹਾ ਕਿ ਇਸ ਪ੍ਰੋਗਰਾਮ ਤਹਿਤ ਪਿੰਡਾਂ ਵਿੱਚ ਵੀ ਵਲੰਟੀਅਰਾਂ ਅਤੇ ਯੂਥ ਕਲੱਬਾਂ ਦੇ ਸਹਿਯੋਗ ਨਾਲ ਸਫ਼ਾਈ ਦੀ ਕਾਰ ਸੇਵਾ ਦਾ ਕੰਮ ਆਰੰਭਿਆ ਜਾਵੇ। ਇਸ ਲਈ ਸਕੂਲਾਂ, ਧਰਮਸ਼ਾਲਾਵਾਂ ਅਤੇ ਹੋਰ ਇਤਿਹਾਸਿਕ ਤੇ ਧਾਰਮਿਕ ਥਾਵਾਂ ਦੀ ਸਾਫ-ਸਫ਼ਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸਫ਼ਾਈ ਲਈ ਲੋੜੀਂਦੇ ਸੰਦਾਂ ਅਤੇ ਚੂਨੇ ਦਾ ਵੀ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਜ਼ਿਲ੍ਹਾ ਮੰਡੀ ਅਫ਼ਸਰ ਨੂੰ ਦਿਸ਼ਾ-ਨਿਰਦੇਸ਼ ਦਿੰਦਿਆਂ ਕਿਹਾ ਕਿ ਇਸ ਪੰਦਰਵਾੜੇ ਤਹਿਤ ਜ਼ਿਲ੍ਹੇ ਦੀਆਂ ਸਾਰੀਆਂ ਮੰਡੀਆਂ ਦੀ ਸਾਫ-ਸਫ਼ਾਈ ਕਰਨੀ ਯਕੀਨੀ ਬਣਾਈ ਜਾਵੇ।

ਇਸ ਮੌਕੇ 'ਤੇ ਐਸ.ਡੀ.ਐਮ. ਪੱਟੀ ਸ੍ਰੀ ਸੁਰਿੰਦਰ ਸਿੰਘ, ਸਹਾਇਕ ਕਮਿਸ਼ਨਰ (ਸ਼ਿਕਾਇਤਾਂ) ਰਜਨੀਸ਼ ਅਰੋੜਾ, ਜ਼ਿਲ੍ਹਾ ਮਾਲ ਅਫ਼ਸਰ ਅਰਵਿੰਦਰਪਾਲ ਸਿੰਘ, ਮੁੱਖ ਖੇਤੀਬਾੜੀ ਅਫ਼ਸਰ ਪ੍ਰਤਾਪ ਸਿੰਘ ਸੰਧੂ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਡਾ. ਨਿਰਮਲ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

---------------------